

ਫ਼ਰੀਦਕੋਟ ਅਜੀਤ
ਅਜੀਤ, ਬਠਿੰਡਾ
ਸੋਮਵਾਰ, 9 ਦਸੰਬਰ 2024





# ਜਲ ਜੀਵਨ ਬਚਾਓ ਮੋਰਚਾ ਦੇ ਸੱਦੇ 'ਤੇ ਵੱਖ-ਵੱਖ ਜਥੇਬੰਦੀਆਂ ਨੇ ਰੋਡ ਮਾਰਚ ਕੱਢਿਆ

ਫ਼ਰੀਦਕੋਟ, 8 ਦਸੰਬਰ (ਸਟਾਫ਼ ਰਿਪੋਰਟਰ)-ਪੰਜਾਬ ਸਰਕਾਰ ਦੇ ਨਹਿਰਾਂ ਨੂੰ ਕੰਕਰੀਟੀਕਰਨ ਦੇ ਫ਼ੈਸਲੇ 'ਤੇ ਜਲ ਜੀਵਨ ਬਚਾਓ ਮੋਰਚਾ ਦੀ ਅਗਵਾਈ ਵਿਚ ਫ਼ਰੀਦਕੋਟ ਦੇ ਸ਼ਹਿਰ ਨਿਵਾਸੀ, ਐਨ.ਜੀ.ਓ., ਸੰਯੁਕਤ ਕਿਸਾਨ ਮੋਰਚਾ, ਮੁਲਾਜ਼ਮ ਤੇ ਮਜ਼ਦੂਰ ਜਥੇਬੰਦੀਆਂ ਨੇ ਫ਼ਰੀਦਕੋਟ ਦੀਆਂ ਸੜਕਾਂ 'ਤੇ ਰੋਡ ਮਾਰਚ ਕੱਢਿਆ ਜਿਸ ਨੂੰ ਫ਼ਰੀਦਕੋਟ ਵਾਸੀਆਂ ਦਾ ਵੱਡਾ ਹੁੰਗਾਰਾ ਮਿਲਿਆ। ਲੋਕ ਆਪ ਮੁਹਾਰੇ ਰੋਡ ਮਾਰਚ 'ਚ ਸ਼ਾਮਿਲ ਹੁੰਦੇ ਗਏ। ਇਸ ਰੋਡ ਮਾਰਚ ਨੇ ਰੈਸਟ ਹਾਊਸ ਤੋਂ ਚੱਲ ਕੇ ਸ਼ਹਿਰ ਦੇ ਵੱਖ-ਵੱਖ ਚੌਂਕਾਂ ਵਿਚ ਮੋਰਚੇ ਦੇ ਬੁਲਾਰੇ ਆਪਣਾ ਸੁਨੇਹਾ ਦਿੰਦੇ ਗਏ। ਇਸ ਰੋਡ ਮਾਰਚ ਵਿਚ ਸ਼ੰਕਰ ਸ਼ਰਮਾ ਕਨਵੀਨਰ ਜਲ ਜੀਵਨ ਬਚਾਓ ਮੋਰਚਾ, ਭੁਪਿੰਦਰ ਸਿੰਘ ਔਲਖ ਕੋ-ਕਨਵੀਨਰ, ਡਾ. ਪ੍ਰਿਤਪਾਲ ਸਿੰਘ ਕੋ-ਕਨਵੀਨਰ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਕਿਰਤੀ ਕਿਸਾਨ ਯੂਨੀਅਨ ਪੰਜਾਬ ਆਗੂ, ਅਮਨ ਵੜਿੰਗ ਹਰਿੰਦਰਾ ਨਗਰ ਸੁਸਾਇਟੀ ਆਗੂ, ਜਤਿੰਦਰ ਕੁਮਾਰ ਮੁਲਾਜ਼ਮ ਆਗੂ, ਜਸਵੀਰ ਸਿੰਘ ਸੀਰ ਮੈਂਬਰ, ਦਵਿੰਦਰ ਸਿੰਘ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਪਵਨ ਸ਼ਰਮਾ ਡਰੀਮ ਸਿਟੀ ਆਗੂ, ਰਘਬੀਰ ਸਿੰਘ ਸਾਬਕਾ ਐਮ.ਸੀ., ਡਾਕਟਰ ਯਸ਼ਪਾਲ ਸਾਂਬਰੀਆ ਮੈਡੀਕਲ ਕਾਲਜ ਯੂਨੀਅਨ, ਗਗਨ ਪਾਹਵਾ ਡੀ.ਟੀ.ਐਫ. ਆਗੂ, ਸੁਖਵਿੰਦਰ ਵਿਲਖੁ ਭਾਈ ਘਨੱਈਆ ਵੈਲਫ਼ੇਅਰ ਸੁਸਾਇਟੀ, ਗੁਰਮੀਤ ਸਿੰਘ ਕੁਸ਼ਤੀ ਕੋਚ, ਡਾ. ਮੁਕੇਸ਼ ਭੰਡਾਰੀ ਸਿੱਖਿਆ ਸ਼ਾਸ਼ਤਰੀ ਅਤੇ ਡਾਇਟ ਆਗੂ ਬੁਲਾਰਿਆਂ ਨੇ ਆਪਣੇ ਵਿਚਾਰ ਰੱਖੇ। ਜਲ ਜੀਵਨ ਬਚਾਓ ਮੋਰਚਾ ਨੇ ਫ਼ਰੀਦਕੋਟ ਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਮੋਰਚੇ ਨਾਲ ਜੁੜਨ ਤੇ ਸਰਕਾਰ ਦੇ ਇਸ ਲੋਕ ਵਿਰੋਧੀ ਤੇ ਕੁਦਰਤ ਵਿਰੋਧੀ ਪ੍ਰੋਜੈਕਟ ਬਾਰੇ ਮੋਰਚੇ ਤੋਂ ਸਮਝਣ ਕਿ ਇਹ ਸਰਕਾਰ ਫ਼ਰੀਦਕੋਟ ਵਾਸੀਆਂ ਦਾ ਕਿੰਨਾ ਵੱਡਾ ਘਾਣ ਕਰਨ ਜਾ ਰਹੀ ਹੈ। ਮੋਰਚਾ ਆਗੂਆਂ ਨੇ ਸ਼ਹਿਰ ਵਾਸੀਆਂ ਨੂੰ ਨਿਸ਼ਚਿੰਤ ਰਹਿਣ ਲਈ ਕਿਹਾ ਕਿ ਫ਼ਰੀਦਕੋਟ ਦੀਆਂ 93 ਸੰਸਥਾਵਾਂ, 23 ਐਮ.ਸੀ, ਸੰਯੁਕਤ ਕਿਸਾਨ ਮੋਰਚਾ ਤੁਹਾਡੇ ਨਾਲ ਹਨ। ਫ਼ਰੀਦਕੋਟ ਦਾ ਵਿਧਾਇਕ, ਸਪੀਕਰ ਪੰਜਾਬ ਵਿਧਾਨ ਸਭਾ, ਫ਼ਰੀਦਕੋਟ ਪ੍ਰਸ਼ਾਸਨ ਤੇ ਮੁੱਖ ਮੰਤਰੀ ਪੰਜਾਬ ਭਾਵੇਂ ਅੱਖਾਂ 'ਤੇ ਪੱਟੀ ਬੰਨ੍ਹੀ ਬੈਠੇ ਹੋਣ ਪਰ ਫ਼ਰੀਦਕੋਟ ਦੇ ਲੋਕ ਬੜੇ ਜਾਗਰੂਕ ਹਨ। ਸਰਕਾਰ ਦੀ ਇਸ ਲੋਕ ਮਾਰੂ ਨੀਤੀ ਨੂੰ ਕਦੇ ਸਫ਼ਲ ਨਹੀਂ ਹੋਣ ਦੇਣਗੇ। ਮੋਰਚਾ ਆਗੂਆਂ ਨੇ ਲੋਕਾਂ ਨੂੰ ਦੱਸਿਆ ਕਿ ਪੰਜਾਬ ਦੀ ਵਾਟਰ ਰੀਸੋਰਸਿਜ਼ ਮਿਨਿਸਟਰੀ ਦੀ ਰਿਪੋਰਟ ਅਨੁਸਾਰ ਫ਼ਰੀਦਕੋਟ ਦਾ ਸਿਰਫ਼ 29 ਫ਼ੀਸਦੀ ਪਾਣੀ ਪੀਣ ਯੋਗ ਤਾਂ ਬਣਦਾ ਜੇ ਨਹਿਰਾਂ ਦੀ ਸੀਪੇਜ ਹੋ ਰਹੀ ਹੈ ਤੇ ਸਰਕਾਰ ਇਹੀ ਸੀਪੇਜ ਕੰਕਰੀਟ ਨਾਲ ਖ਼ਤਮ ਕਰਨ ਜਾ ਰਹੀ ਹੈ। ਫ਼ਰੀਦਕੋਟ ਦਾ ਵਾਟਰ ਵਰਕਸ ਵੀ ਖਸਤਾ ਹਾਲਤ ਹੈ। ਫ਼ਰੀਦਕੋਟ ਦੀ ਸਿਰਫ਼ 27 ਫ਼ੀਸਦੀ ਆਬਾਦੀ ਨੂੰ ਪੀਣ ਯੋਗ ਪਾਣੀ ਮੁਹੱਈਆ ਕਰ ਸਕਦਾ ਹੈ ਉਹ ਵੀ ਧਰਤੀ ਹੇਠਲੇ ਪਾਣੀ ਨੂੰ ਨਹਿਰੀ ਪਾਣੀ ਵਿਚ ਮਿਲਾ ਕੇ ਜੇਕਰ ਨਹਿਰਾਂ ਵਿਚ ਕੰਕਰੀਟ ਕਰ ਦਿੱਤਾ ਤਾਂ ਇਹ ਵੀ ਨਹੀਂ ਰਹਿਣਾ। ਨਹਿਰ ਕਿਨਾਰੇ ਖੜ੍ਹੇ ਹਜ਼ਾਰਾਂ ਦਰੱਖਤ ਇਸ ਪ੍ਰੋਜੈਕਟ ਵਿਚ ਵੱਢ ਦਿੱਤੇ ਜਾਣਗੇ। ਕੁੱਲ ਮਿਲਾ ਕੇ ਇਹ ਪ੍ਰੋਜੈਕਟ ਫ਼ਰੀਦਕੋਟ ਸ਼ਹਿਰ ਲਈ ਜਿੰਨਾ ਘਾਤਕ ਸਿੱਧ ਹੋਵੇਗਾ ਉਨ੍ਹਾਂ ਫ਼ਰੀਦਕੋਟ ਵਾਸੀ ਸੋਚ ਵੀ ਨਹੀਂ ਸਕਦੇ। ਜਲ ਜੀਵਨ ਬਚਾਓ ਮੋਰਚਾ ਹਰ ਤਰ੍ਹਾਂ ਦੇ ਸੰਘਰਸ਼ ਲਈ ਤਿਆਰ ਹੈ। ਮੋਰਚਾ ਜਲਦੀ ਸਰਕਾਰ ਦੇ ਖ਼ਿਲਾਫ਼ ਵੱਡੇ ਸੰਘਰਸ਼ ਦਾ ਐਲਾਨ ਕਰਨ ਜਾ ਰਿਹਾ ਹੈ ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ, ਫ਼ਰੀਦਕੋਟ ਪ੍ਰਸ਼ਾਸਨ, ਹਲਕਾ ਵਿਧਾਇਕ ਦੀ ਹੋਵੇਗੀ।




ਫ਼ਰੀਦਕੋਟ ਸ਼ਹਿਰ 'ਚ ਜਲ ਜੀਵਨ ਬਚਾਓ ਮੋਰਚੇ ਦੇ ਸੱਦੇ 'ਤੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਸ਼ਹਿਰ ਵਾਸੀ ਰੋਡ ਮਾਰਚ ਕੱਢਦੇ ਹੋਏ। ਅਜੀਤ ਤਸਵੀਰ



ਜ਼ਿਲ੍ਹਾ ਪੁਲਿਸ ਮੁਖੀ ਡਾ. ਪ੍ਰਗਿਆ ਜੈਨ ਥਾਣੇ ਦਾ ਨਿਰੀਖਣ ਕਰਦੇ ਹੋਏ। ਅਜੀਤ ਤਸਵੀਰ

# ਐੱਸ. ਐੱਸ. ਪੀ. ਵਲੋਂ ਜ਼ਿਲ੍ਹੇ ਦੇ ਥਾਣਿਆਂ ਦਾ ਨਿਰੀਖਣ

- **ਕਿਹਾ, ਪੁਲਿਸ ਕਾਰਗੁਜ਼ਾਰੀ ਤੇ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਲਈ ਨਿਰੀਖਣ ਮਹੱਤਵਪੂਰਨ**

ਫ਼ਰੀਦਕੋਟ, 8 ਦਸੰਬਰ (ਸਟਾਫ਼ ਰਿਪੋਰਟਰ)- ਪੁਲਿਸ ਫ਼ੋਰਸ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਅਤੇ ਜ਼ਿਲ੍ਹੇ ਵਿਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਲਗਾਤਾਰ ਯਤਨਾਂ ਦੇ ਤਹਿਤ ਡਾ. ਪ੍ਰਗਿਆ ਜੈਨ ਐੱਸ.ਐੱਸ.ਪੀ. ਫ਼ਰੀਦਕੋਟ ਵਲੋਂ ਅੱਜ ਫ਼ਰੀਦਕੋਟ ਜ਼ਿਲ੍ਹੇ ਦੇ ਥਾਣਾ ਸਿਟੀ ਫ਼ਰੀਦਕੋਟ, ਥਾਣਾ ਸਿਟੀ-2 ਫ਼ਰੀਦਕੋਟ ਤੇ ਥਾਣਾ ਸਦਰ ਫ਼ਰੀਦਕੋਟ ਦਾ ਗੈਰ-ਰਸਮੀ ਨਿਰੀਖਣ ਕੀਤਾ ਗਿਆ। ਇਸ ਨਿਰੀਖਣ ਦਾ ਮੁੱਖ ਉਦੇਸ਼ ਜ਼ਿਲ੍ਹੇ ਵਿਚ ਚੱਲ ਰਹੀਆਂ ਜਾਂਚਾਂ ਦੀ ਸਮੀਖਿਆ ਕਰਨਾ, ਜਨਤਕ ਸ਼ਿਕਾਇਤਾਂ ਦੀ ਸੁਣਵਾਈ ਦੇ ਪ੍ਰਕਿਰਿਆ ਦਾ ਮੁਲਾਂਕਣ ਕਰਨਾ ਅਤੇ ਅਮਨ-ਕਾਨੂੰਨ ਨੂੰ ਮਜ਼ਬੂਤ ਬਣਾਉਣ ਲਈ ਜ਼ਰੂਰੀ ਹਦਾਇਤਾਂ ਜਾਰੀ ਕਰਨਾ ਸੀ। ਨਿਰੀਖਣ ਦੌਰਾਨ ਐੱਸ.ਐੱਸ.ਪੀ. ਫ਼ਰੀਦਕੋਟ ਵਲੋਂ ਪੁਲਿਸ ਮੁਲਾਜ਼ਮਾਂ ਨਾਲ ਵੱਖ-ਵੱਖ ਕੇਸਾਂ ਸੰਬੰਧੀ ਵਿਸਥਾਰ ਪੂਰਵਕ ਗੱਲਬਾਤ ਕੀਤੀ ਗਈ। ਇਸ ਦੌਰਾਨ ਜ਼ਿਲ੍ਹੇ ਵਿਚ ਸ਼ਾਂਤੀ ਬਣਾਈ ਰੱਖਣ ਤੇ ਅਪਰਾਧ ਰੋਕਣ ਲਈ ਚੌਕਸੀ ਅਤੇ ਤੇਜ਼ ਕਾਰਵਾਈ ਦੀ ਅਹਿਮੀਅਤ 'ਤੇ ਵੀ ਚਰਚਾ ਕੀਤੀ ਗਈ। ਸਾਰੇ ਪੁਲਿਸ ਸਟੇਸ਼ਨਾਂ ਵਿਚ ਮੌਜੂਦ ਜਾਇਦਾਦ, ਵਿਸ਼ੇਸ਼ ਤੌਰ 'ਤੇ ਕਬਜ਼ੇ ਵਾਲੇ ਵਾਹਨਾਂ ਦੇ ਨਿਪਟਾਰੇ ਨੂੰ ਲੈ ਕੇ ਹਦਾਇਤਾਂ ਜਾਰੀ ਕੀਤੀਆਂ ਗਈਆਂ। ਐੱਸ.ਐੱਸ.ਪੀ. ਫ਼ਰੀਦਕੋਟ ਵਲੋਂ ਪੁਲਿਸ ਸਟੇਸ਼ਨਾਂ ਵਿਚ ਚੰਗੀ ਰੱਖ-ਰਖਾਵ ਤੇ ਸਫ਼ਾਈ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ। ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਪੁਲਿਸ ਕਰਮਚਾਰੀਆਂ ਦੀ ਕਾਰਗੁਜ਼ਾਰੀ ਨੂੰ ਯਕੀਨੀ ਬਣਾਉਣ ਤੇ ਸੇਵਾਵਾਂ ਦੀ ਗੁਣਵੱਤਾ ਵਿਚ ਸੁਧਾਰ ਲਈ ਇਹ ਨਿਰੀਖਣ ਅਤਿ ਜ਼ਰੂਰੀ ਹੈ। ਇਸ ਦੇ ਨਾਲ ਹੀ ਇਹ ਪ੍ਰਕਿਰਿਆ ਸ਼ਾਂਤੀ ਤੇ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਪ੍ਰਸ਼ਾਸਨ ਹਰ ਹਾਲਤ ਵਿਚ ਸੁਰੱਖਿਆ ਯਤਨਾਂ ਨੂੰ ਉੱਚ ਤਰਜੀਹ ਦੇਵੇਗਾ ਅਤੇ ਲੋਕਾਂ ਨਾਲ ਸਹਿਯੋਗ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ।



ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੋਟਸੁਖੀਆ ਵਿਖੇ ਸਰਪੰਚ ਬਲਰਾਜ ਸਿੰਘ ਭੋਲਾ ਬਰਾੜ ਅਤੇ ਨਗਰ ਦੇ ਪਤਵੰਤੇ ਵਿਅਕਤੀਆਂ ਨਾਲ਼। ਤਸਵੀਰ : ਮੋਹਰ ਗਿੱਲ

# ਸਪੀਕਰ ਸੰਧਵਾਂ ਨੇ ਗਰਾਮ ਪੰਚਾਇਤ ਨੂੰ ਵਿਕਾਸ ਕੰਮਾਂ ਦਾ ਭਰੋਸਾ ਦਿਵਾਇਆ

ਕੋਟਕਪੂਰਾ, 8 ਦਸੰਬਰ (ਮੋਹਰ ਸਿੰਘ ਗਿੱਲ)- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਲਕੇ ਦੇ ਪਿੰਡ ਸਿਰਸੜੀ ਵਿਖੇ ਬਲਜਿੰਦਰ ਸਿੰਘ ਗਿੱਲ ਦੇ ਘਰ ਧਾਰਮਿਕ ਸਮਾਰੋਹ 'ਚ ਸ਼ਾਮਿਲ ਹੋਣ ਉਪਰੰਤ ਪਿੰਡ ਕੋਟਸੁਖੀਆ ਵਿਖੇ ਨਵੇਂ ਬਣੇ ਸਰਪੰਚ ਬਲਰਾਜ ਸਿੰਘ ਭੋਲਾ ਬਰਾੜ ਦੇ ਨਿਵਾਸ ਸਥਾਨ 'ਤੇ ਜਿੱਤ ਦੀ ਖ਼ੁਸ਼ੀ 'ਚ ਰੱਖੇ ਗਏ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਮੌਕੇ ਹਾਜ਼ਰੀ ਭਰੀ। ਉਨ੍ਹਾਂ ਸਰਪੰਚ ਬਰਾੜ ਤੇ ਉਨ੍ਹਾਂ ਦੀ ਸਮੁੱਚੀ ਗਰਾਮ ਪੰਚਾਇਤ ਨੂੰ ਪਿੰਡ ਦੇ ਅਧੂਰੇ ਰਹਿੰਦੇ ਵਿਕਾਸ ਕਾਰਜਾਂ ਨੂੰ ਮੁਕੰਮਲ ਕਰਨ ਲਈ ਗ੍ਰਾਂਟਾਂ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਹਰਨੇਕ ਸਿੰਘ ਧਾਲੀਵਾਲ, ਬਲਵੀਰ ਸਿੰਘ ਬੀਰਾ ਪ੍ਰਧਾਨ, ਨਿਰਮਲ ਸਿੰਘ ਪਟਵਾਰੀ, ਗੁਰਪ੍ਰੀਤ ਸਿੰਘ ਤੁਲਸੀ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪੀ.ਆਰ.ਓ ਮਨਪ੍ਰੀਤ ਸਿੰਘ ਧਾਲੀਵਾਲ, ਚੇਅਰਮੈਨ ਗੁਰਮੀਤ ਸਿੰਘ ਆਰੇ ਵਾਲਾ, ਅਮਨਦੀਪ ਸਿੰਘ ਬਾਬਾ, ਗੋਰਾ ਪ੍ਰਧਾਨ, ਗੁਰਤੇਜ ਸਿੰਘ ਸਾਬਕਾ ਪ੍ਰਧਾਨ, ਮਿੰਟੂ ਗਿੱਲ, ਨਿਹਾਲ ਸਿੰਘ ਗਿੱਲ ਧੂੜਕੋਟ, ਜਗਸੀਰ ਸਿੰਘ ਗਿੱਲ, ਜਗਜੀਤ ਸਿੰਘ ਸਰਪੰਚ ਕਲੇਰ, ਦਰਸ਼ਨ ਸਿੰਘ ਬਰਾੜ, ਰਾਜੂ ਬਰਾੜ ਕੋਟਸੁਖੀਆ, ਪੰਚ ਜੈਦੀਪ ਸਿੰਘ, ਰਾਜਦੀਪ ਕੌਰ, ਫ਼ਤਹਿ ਸਿੰਘ, ਕੁਲਦੀਪ ਕੌਰ, ਸੁਖਮੰਦਰ ਸਿੰਘ, ਜਸਵਿੰਦਰ ਸਿੰਘ, ਨਿਰਮਲ ਸਿੰਘ, ਕਰਮਜੀਤ ਕੌਰ, ਕੁਲਵਿੰਦਰ ਕੌਰ ਸਮੇਤ ਨਗਰ ਦੇ ਹੋਰ ਵੀ ਪਤਵੰਤੇ ਹਾਜ਼ਰ ਸਨ।

# ਜੈਤੋ ਸਮੇਤ ਜ਼ਿਲ੍ਹੇ ਦੇ ਪਿੰਡਾਂ 'ਚ ਕੇਂਦਰ ਸਰਕਾਰ ਦੀ ਅਰਥੀ ਫ਼ੂਕੀ

ਜੈਤੋ, 8 ਦਸੰਬਰ (ਗੁਰਮੀਤਪਾਲ ਰੋੜੀਕਪੂਰਾ)-ਭਖਦੇ ਕਿਸਾਨੀ ਮਸਲਿਆਂ ਲਈ ਮਹੀਨਿਆਂਬੱਧੀ ਪੱਕੇ ਮੋਰਚੇ ਨੂੰ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਨਜ਼ਰਅੰਦਾਜ਼ ਕੀਤੇ ਜਾਣ ਕਾਰਨ ਕੱਲ੍ਹ ਦਿੱਲੀ ਵੱਲ ਪੈਦਲ ਜਾ ਰਹੇ ਕਿਸਾਨਾਂ ਨੂੰ ਹਰਿਆਣਾ ਪੁਲਿਸ ਵਲੋਂ ਅੱਥਰੂ ਗੈਸ ਦੇ ਗੋਲੇ ਮਾਰ ਕੇ ਜ਼ਖ਼ਮੀ ਕਰਨ ਨਾਲ ਸ਼ਾਂਤਮਈ ਸੰਘਰਸ਼ ਦਾ ਹੱਕ ਖੋਹੇ ਜਾਣ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਸੂਬਾ ਪੱਧਰੀ ਸੱਦੇ ਤਹਿਤ ਅੱਜ ਜੈਤੋ ਵਿਖੇ ਨਹਿਰੂ ਪਾਰਕ ਜੈਤੋ ਤੋਂ ਬਾਜਾਖਾਨਾ ਚੌਕ ਜੈਤੋ ਤੱਕ ਰੋਸ ਮੁਜ਼ਾਹਰਾ ਕਰਕੇ ਬਾਜਾਖਾਨਾ ਚੌਂਕ ਵਿਚ ਕੇਂਦਰ ਸਰਕਾਰ ਦੀ ਅਰਥੀ ਫ਼ੂਕੀ ਗਈ। ਇਸ ਤੋਂ ਇਲਾਵਾ ਕੋਟਕਪੂਰਾ ਅਤੇ ਫ਼ਰੀਦਕੋਟ ਦੇ ਵੱਖ ਵੱਖ ਪਿੰਡਾਂ ਵਿਚ ਕੇਂਦਰ ਸਰਕਾਰ ਦੀ ਅਰਥੀ ਫ਼ੂਕੀ ਗਈ। ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਨੰਗਲ, ਜ਼ਿਲ੍ਹਾ ਜਨਰਲ ਸਕੱਤਰ ਨੱਥਾ ਸਿੰਘ ਰੋੜੀਕਪੂਰਾ, ਜ਼ਿਲ੍ਹਾ ਆਗੂ ਜਸਪ੍ਰੀਤ ਸਿੰਘ ਜੈਤੋ, ਜ਼ਿਲ੍ਹਾ ਆਗੂ ਹਰਪ੍ਰੀਤ ਸਿੰਘ ਦਲ ਸਿੰਘ ਵਾਲਾ, ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਮੱਤਾ, ਜ਼ਿਲ੍ਹਾ ਆਗੂ ਤਾਰਾ ਸਿੰਘ ਰੋੜੀਕਪੂਰਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ ਜਿਓਣਵਾਲਾ, ਬਲਾਕ ਕੋਟਕਪੂਰਾ ਆਗੂ ਜਸਮੇਲ ਸਿੰਘ ਜੱਸੀ ਕੋਟਕਪੂਰਾ, ਬਲਾਕ ਕੋਟਕਪੂਰਾ ਆਗੂ ਹਰਜੀਤ ਸਿੰਘ ਕੋਟਕਪੂਰਾ, ਬਲਾਕ ਫ਼ਰੀਦਕੋਟ ਆਗੂ ਜਸਵਿੰਦਰ ਸਿੰਘ ਮੋਰਾਂਵਾਲੀ, ਬਲਾਕ ਫ਼ਰੀਦਕੋਟ ਆਗੂ ਸੁਖਜੀਤ ਸਿੰਘ ਘੁਗਿਆਣਾ ਨੇ ਵੱਖ ਵੱਖ ਥਾਵਾਂ 'ਤੇ ਸੰਬੋਧਨ ਕਰਦਿਆਂ ਭਾਜਪਾ ਸਰਕਾਰ ਦੀ ਇਸ ਜਾਬਰ ਕਾਰਵਾਈ ਨੂੰ ਕਿਸਾਨਾਂ ਨਾਲ ਦੁਸ਼ਮਣਾਂ ਵਾਲਾ ਵਿਵਹਾਰ ਕਰਾਰ ਦਿੱਤਾ।



ਬਾਜਾਖਾਨਾ ਚੌਕ ਵਿਚ ਕੇਂਦਰ ਸਰਕਾਰ ਦੀ ਅਰਥੀ ਫ਼ੂਕਦੇ ਹੋਏ ਕਿਸਾਨ ਆਗੂ। ਤਸਵੀਰ: ਗੁਰਮੀਤਪਾਲ ਰੋੜੀਕਪੂਰਾ

# ਦਿਹਾਤੀ ਮਜ਼ਦੂਰ ਸਭਾ ਦੀ ਮੀਟਿੰਗ

ਸ੍ਰੀ ਮੁਕਤਸਰ ਸਾਹਿਬ, 8 ਦਸੰਬਰ (ਰਣਜੀਤ ਸਿੰਘ ਢਿੱਲੋਂ)- ਦਿਹਾਤੀ ਮਜ਼ਦੂਰ ਸਭਾ ਵਲੋਂ ਪਿੰਡ ਸੀਰਵਾਲੀ ਵਿਚ ਮਨਰੇਗਾ ਕਾਮਿਆਂ ਦੀ ਮੀਟਿੰਗ ਜਗਸੀਰ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿਚ ਫ਼ੈਸਲਾ ਕੀਤਾ ਗਿਆ ਕਿ 12 ਦਸੰਬਰ ਨੂੰ ਡੀ.ਸੀ. ਦਫ਼ਤਰ ਸ੍ਰੀ ਮੁਕਤਸਰ ਸਾਹਿਬ ਸਾਹਮਣੇ ਲੱਗ ਰਹੇ ਧਰਨੇ 'ਚ ਵੱਡੀ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਜਰਨੈਲ ਸਿੰਘ ਸੀਰਵਾਲੀ ਨੇ ਕਿਹਾ ਕਿ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਤੇਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਨੇ ਮਜ਼ਦੂਰ ਵਰਗ ਅਣਗੌਲਿਆ ਕੀਤਾ ਹੋਇਆ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਮਜ਼ਦੂਰ ਜਥੇਬੰਦੀਆਂ ਨਾਲ ਵਾਰ-ਵਾਰ ਮੀਟਿੰਗਾਂ ਰੱਖੀਆਂ ਗਈਆਂ ਪਰ ਹਰ ਵਾਰ ਮੁੱਖ ਮੰਤਰੀ ਭਗਵੰਤ ਮਾਨ ਮੀਟਿੰਗਾਂ ਵਿਚ ਹਾਜ਼ਰ ਨਹੀਂ ਹੋਏ ਅਤੇ ਮਜ਼ਦੂਰਾਂ ਪ੍ਰਤੀ ਬੇਰੁਖ਼ੀ ਵਾਲਾ ਵਤੀਰਾ ਬਣਾਇਆ ਹੋਇਆ ਹੈ। ਉਨ੍ਹਾਂ ਪੰਜਾਬ ਸਰਕਾਰ ਵਲੋਂ ਕਿਸਾਨਾਂ ਅਤੇ ਬੇਰੁਜ਼ਗਾਰ ਅਧਿਆਪਕਾਂ 'ਤੇ ਲਾਠੀਚਾਰਜ ਦੀ ਵੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ।



ਫ਼ਰੀਦਕੋਟ ਵਿਖੇ ਇਕ ਬੂਥ 'ਤੇ ਇਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਮੁਹਿੰਮ ਦਾ ਆਗਾਜ਼ ਕਰਦੇ ਹੋਏ ਸਿਵਲ ਸਰਜਨ ਫ਼ਰੀਦਕੋਟ ਡਾ. ਚੰਦਰ ਸ਼ੇਖਰ ਕੱਕੜ। ਅਜੀਤ ਤਸਵੀਰ




ਵਿਧਾਇਕ ਗੁਰਦਿੱਤ ਸਿੰਘ ਸੇਖੋਂ ਇਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਂਦੇ ਹੋਏ। ਨਾਲ ਰਾਜਿੰਦਰ ਦਾਸ ਰਿੰਕੂ ਤੇ ਹੋਰ। ਅਜੀਤ ਤਸਵੀਰਾਂ




ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦੀ ਸੇਵਾ ਨਿਭਾਉਂਦੇ ਹੋਏ ਸਹਾਰਾ ਸੇਵਾ ਸੁਸਾਇਟੀ ਦੇ ਅਹੁਦੇਦਾਰ। ਉਨ੍ਹਾਂ ਨਾਲ ਸਿਹਤ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ। ਤਸਵੀਰ: ਸਤੀਸ਼ ਬਾਗ਼ੀ

# ਅੱਜ ਹੋਣਗੇ ਬਾਸਕਟਬਾਲ ਤੇ ਤਾਈਕਵਾਂਡੋ ਦੇ ਰਾਜ ਪੱਧਰੀ ਮੁਕਾਬਲੇ

ਫ਼ਰੀਦਕੋਟ, 8 ਦਸੰਬਰ (ਸਟਾਫ਼ ਰਿਪੋਰਟਰ)-ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 3 ਤਹਿਤ ਬਾਸਕਿਟ ਬਾਲ ਅਤੇ ਤਾਈਕਵਾਂਡੋਂ ਖੇਡਾਂ ਦੇ ਰਾਜ ਪੱਧਰੀ ਮੁਕਾਬਲੇ ਨਹਿਰੂ ਸਟੇਡੀਅਮ ਫ਼ਰੀਦਕੋਟ ਵਿਖੇ ਅੱਜ ਸ਼ੁਰੂ ਹੋਣਗੇ। ਜਿਸ ਵਿਚ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ ਮੁੱਖ ਮਹਿਮਾਨ ਅਤੇ ਅੰਤਰ ਰਾਸ਼ਟਰੀ ਬਾਸਕਿਟਬਾਲ ਖਿਡਾਰੀ ਪਾਲਪ੍ਰੀਤ ਸਿੰਘ ਬਰਾੜ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦਿੱਤੀ। ਜ਼ਿਲ੍ਹਾ ਖੇਡ ਅਫ਼ਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫ਼ਰੀਦਕੋਟ ਵਿਖੇ ਬਾਸਕਿਟ ਬਾਲ ਅਤੇ ਤਾਈਕਵਮਾਂਡੋਂ ਖੇਡਾਂ ਦੀ ਰਾਜ ਪੱਧਰੀ ਮੁਕਾਬਲੇ 9 ਦਸੰਬਰ ਸਵੇਰੇ 11 ਵਜੇ ਨਹਿਰੂ ਸਟੇਡੀਅਮ ਵਿਖੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿਚ ਅੰਡਰ-14, ਅੰਡਰ-17, ਅੰਡਰ-21, ਅੰਡਰ-21-30 ਅਤੇ ਅੰਡਰ-30-40 ਸਾਲ ਉਮਰ ਵਰਗ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਖੇਡਾਂ ਸਬੰਧੀ ਸਾਰੀਆਂ ਤਿਆਰੀ ਮੁਕੰਮਲ ਹਨ ਅਤੇ ਖਿਡਾਰੀਆਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

# ਜ਼ਿਲ੍ਹਾ ਫ਼ਰੀਦਕੋਟ ਵਿਖੇ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ

ਫ਼ਰੀਦਕੋਟ, 8 ਦਸੰਬਰ (ਜਸਵੰਤ ਸਿੰਘ ਪੁਰਬਾ)- ਸਿਵਲ ਸਰਜਨ ਫ਼ਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੀ ਅਗਵਾਈ ਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸਰਵਦੀਪ ਸਿੰਘ ਰੋਮਾਣਾ ਦੀ ਦੇਖ-ਰੇਖ ਹੇਠ ਅੱਜ ਪਲਸ ਪੋਲੀਓ ਮੁਹਿਮ ਦੇ ਪਹਿਲੇ ਦਿਨ ਜ਼ਿਲ੍ਹਾ ਫ਼ਰੀਦਕੋਟ ਦੇ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਵੱਖ-ਵੱਖ ਬੂਥਾਂ 'ਤੇ ਪੋਲੀਓ ਵੈਕਸੀਨ ਦੀਆਂ ਬੂੰਦਾਂ ਪਿਲਾਈਆਂ ਗਈਆਂ। ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸਰਵਦੀਪ ਸਿੰਘ ਰੋਮਾਣਾ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਸ਼ਵਦੀਪ ਗੋਇਲ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਵਿਕੇਕ ਰਜੌਰਾ ਤੇ ਡਾ. ਦੀਪਕ ਵਲੋਂ ਜ਼ਿਲ੍ਹਾ ਫ਼ਰੀਦਕੋਟ ਦੇ ਵੱਖ-ਵੱਖ ਬੂਥਾਂ 'ਤੇ ਜਾ ਕੇ ਪਲਸ ਪੋਲੀਓ ਮੁਹਿਮ ਦਾ ਜਾਇਜ਼ਾ ਲਿਆ ਗਿਆ। ਜ਼ਿਲ੍ਹਾ ਟੀਕਾਕਰਣ ਅਫ਼ਸਰ ਡਾ. ਸਰਵਦੀਪ ਸਿੰਘ ਰੋਮਾਣਾ ਨੇ ਦੱਸਿਆ ਕਿ ਪਲਸ ਪੋਲੀਓ ਮੁਹਿਮ ਦੌਰਾਨ ਜ਼ਿਲ੍ਹਾ ਫ਼ਰੀਦਕੋਟ ਵਿਚ ਵੈਕਸੀਨ ਦੀਆਂ ਬੂੰਦਾਂ ਪਿਲਾਉਣ ਲਈ 339 ਬੂਥ ਲਗਾਏ ਗਏ ਸਨ। ਉਨ੍ਹਾਂ ਦੱਸਿਆ ਕਿ ਮਿਤੀ 9 ਤੇ 10 ਦਸੰਬਰ ਨੂੰ ਵੈਕਸੀਨੇਟਰਾਂ ਵਲੋਂ ਘਰਾਂ ਤੇ ਸਕੂਲਾਂ ਵਿਚ ਜਾ ਕੇ ਬੂਥਾਂ 'ਤੇ ਨਾ ਪਹੁੰਚ ਸਕਣ ਵਾਲੇ ਬੱਚਿਆਂ ਨੂੰ ਪੋਲੀਓ ਵੈਕਸੀਨ ਦੀਆਂ ਬੂੰਦਾਂ ਪਿਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਬਲਾਕ ਜ਼ਿਲ੍ਹਾ ਫ਼ਰੀਦਕੋਟ ਦੇ ਪੰਜ ਸਾਲ ਦੇ ਲਗਪਗ 58166 ਬੱਚਿਆਂ ਨੂੰ ਪੋਲੀਓ ਵੈਕਸੀਨ ਦੀਆਂ ਬੂੰਦਾਂ ਪਿਲਾਉਣ ਲਈ 548 ਹਾਊਸ ਟੂ ਹਾਊਸ ਟੀਮਾਂ, ਸਲੱਮ ਏਰੀਆ ਲਈ 14 ਟੀਮਾਂ ਤੇ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਲਈ 14 ਟਰਾਂਜ਼ਿਟ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜਿਸਦੀ ਸੁਪਰਵੀਜ਼ਨ ਲਈ 62 ਸੁਪਰਵਾਈਜ਼ਰਾਂ ਦੀ ਡਿਊਟੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਵੱਡੇ ਕਾਰਜ ਲਈ ਲਗਪਗ 124 ਏ.ਐਨ.ਐਮਜ਼, 450 ਆਸ਼ਾ ਵਰਕਰ, 162 ਆਂਗਣਵਾੜੀ ਵਰਕਰ ਅਤੇ 506 ਨਰਸਿੰਗ ਵਿਦਿਆਰਥੀ ਅਤੇ ਸਮਾਜ ਸੇਵੀਆਂ ਦਾ ਸਹਿਯੋਗ ਲਿਆ ਜਾ ਰਿਹਾ ਹੈ।




ਕੋਟਕਪੂਰਾ ਵਿਖੇ ਪੁਲਿਸ ਵਿਭਾਗ ਦੇ ਸੀਨੀਅਰ ਅਧਿਕਾਰੀ ਬੱਚਿਆਂ ਨੂੰ ਪੋਲੀਓ ਰੋਕ ਬੂੰਦਾਂ ਪਿਆਉਂਦੇ ਹੋਏ। ਤਸਵੀਰ : ਰਿੰਕੀ

## ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਨੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ

ਫ਼ਰੀਦਕੋਟ, (ਸਟਾਫ਼ ਰਿਪੋਰਟਰ)- ਪੋਲੀਓ ਦੇ ਖਾਤਮੇ ਤਹਿਤ ਪੋਲੀਓ ਰੋਕੂ ਬੂੰਦਾਂ ਪਿਲਾਉਣ ਲਈ ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਵਲੋਂ ਬੂਥ ਲਗਾਇਆ ਗਿਆ ਜਿੱਥੇ ਮੈਡੀਕਲ ਟੀਮ ਵਲੋਂ ਪੰਜ ਸਾਲ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸ ਮੁਹਿੰਮ ਦੀ ਸ਼ੁਰੂਆਤ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਕੀਤੀ। ਇਸ ਮੌਕੇ ਸਿਵਲ ਸਰਜਨ ਡਾ. ਚੰਦਰ ਸ਼ੇਖ਼ਰ ਕੱਕੜ, ਸੁਸਾਇਟੀ ਪ੍ਰਧਾਨ ਰਜਿੰਦਰ ਦਾਸ ਰਿੰਕੂ, ਕੁਲਵਿੰਦਰ ਸਿੰਘ ਗੋਗਾ ਮਚਾਕੀ, ਜਗਜੀਤ ਸਿੰਘ ਗਿੱਲ, ਜਸਵਿੰਦਰ ਮਿੰਟੂ, ਬੰਟੀ ਸੁਰਿਆਵੰਸ਼ੀ, ਰਾਮ ਬਾਬੂ, ਸਚਿਨ ਸੇਠੀ, ਸੰਦੀਪ ਸਿੰਘ, ਮੋਹਨ ਲਾਲ, ਹਰਜੀਤ ਸਿੰਘ, ਹਰਪ੍ਰੀਤ ਸਿੰਘ, ਡਾ. ਦੀਪਕ ਗੋਇਨ, ਡਾ. ਹਰਲੀਨ ਕੌਰ, ਮਨਦੀਪ ਕੌਰ, ਕੇਸ਼ਵ ਮਲਹੋਤਰਾ ਆਦਿ ਵੀ ਹਾਜ਼ਰ ਸਨ।

## ਸਹਾਰਾ ਸੇਵਾ ਸੁਸਾਇਟੀ ਨੇ ਵੱਖ-ਵੱਖ ਬੂਥਾਂ 'ਤੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ

ਫ਼ਰੀਦਕੋਟ, (ਸਤੀਸ਼ ਬਾਗ਼ੀ)- ਅੱਜ ਸਿਵਲ ਸਰਜਨ ਡਾ. ਚੰਦਰਸ਼ੇਖਰ ਕੱਕੜ ਦੀ ਅਗਵਾਈ ਹੇਠ ਸਮੁੱਚੇ ਜ਼ਿਲ੍ਹੇ ਭਰ ਵਿਚ ਪੰਜ ਸਾਲ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਇਸੇ ਤਹਿਤ ਸਹਾਰਾ ਸੇਵਾ ਸੁਸਾਇਟੀ ਵਲੋਂ ਪ੍ਰਧਾਨ ਅਸ਼ੋਕ ਭਟਨਾਗਰ ਦੀ ਅਗਵਾਈ ਹੇਠ ਸਥਾਨਕ ਚਾਹਲ ਪੁੱਲ 'ਤੇ ਤਿੰਨ ਵੱਖ-ਵੱਖ ਬੂਥ ਲਗਾ ਕੇ ਬੱਚਿਆਂ ਨੂੰ ਬੂੰਦਾਂ ਪਿਲਾਉਣ ਦੀ ਸੇਵਾ ਵਿਚ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਗਿਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਵਿਸ਼ੇਸ਼ ਰੂਪ ਵਿਚ ਪਹੁੰਚੇ। ਇਸ ਮੌਕੇ ਡਾਕਟਰ ਦੀਪਕ ਕੁਮਾਰ ਅਤੇ ਉਨ੍ਹਾਂ ਦਾ ਸਮੂਹ ਸਟਾਫ਼ ਅਤੇ ਸਹਾਰਾ ਸੇਵਾ ਸੁਸਾਇਟੀ ਵਲੋਂ ਕੁੱਲਭੂਸ਼ਣ ਖਰਬੰਦਾ, ਦਿਲਾਵਰ ਹੁਸੈਨ, ਬਲਜਿੰਦਰ ਸਿੰਘ ਵਿਰਕ, ਰਾਜਾ ਬਰਾੜ, ਚਿਤਰੰਜਨ ਗਾਬਾ, ਬੂਟਾ ਗੱਪੀ, ਮਾਸਟਰ ਦੀਪਕ, ਗੁਰਦੇਵ ਸਿੰਘ ਤੋਂ ਇਲਾਵਾ ਮਹਾਂਕਾਲ ਸਵਰਗ ਧਾਮ ਸੇਵਾ ਸੁਸਾਇਟੀ ਦੇ ਪ੍ਰਧਾਨ ਡਾ. ਬਲਜੀਤ ਸ਼ਰਮਾ ਗੋਲੇਵਾਲਾ, ਸੁਰਿੰਦਰ ਸਿੰਘ ਕੋਹਲੀ, ਇੰਦਰਜੀਤ ਸਿੰਘ ਬਰਾੜ ਅਤੇ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਅਨੇਕਾਂ ਵਿਦਿਆਰਥੀ ਵੀ ਹਾਜ਼ਰ ਸਨ।



ਡਾ. ਅਵਤਾਰਜੀਤ ਸਿੰਘ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਂਦੇ ਹੋਏ। ਅਜੀਤ ਤਸਵੀਰ

## ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਆਈਆਂ

ਕੋਟਕਪੂਰਾ, (ਮੋਹਰ ਸਿੰਘ ਗਿੱਲ)- ਸਮਾਜ ਸੇਵੀ ਸੰਸਥਾ ਅਲਾਇੰਸ ਕਲੱਬ ਇੰਟਰਨੈਸ਼ਨਲ ਕੋਟਕਪੂਰਾ ਡਾਇਮੰਡ ਜ਼ਿਲ੍ਹਾ-111 ਅਤੇ ਕਰ ਭਲਾ ਹੋ ਭਲਾ ਪ੍ਰੈਸ ਕਲੱਬ ਵਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਪਲਸ ਪੋਲੀਓ ਕੈਂਪ ਲਗਾਇਆ ਗਿਆ। ਕਲੱਬ ਪ੍ਰਧਾਨ ਚਰਨਦਾਸ ਗਰਗ ਅਤੇ ਮਨਵੀਰ ਰੰਗਾ ਨੇ ਦੱਸਿਆ ਕਿ ਕੈਂਪ ਵਿਚ ਬਲਜੀਤ ਸਿੰਘ ਐਸ.ਪੀ.ਐਚ. ਫ਼ਰੀਦਕੋਟ ਤੇ ਡਾ. ਚੰਦਰ ਸੇਖ਼ਰ ਕੱਕੜ ਸਿਵਲ ਸਰਜਨ ਫ਼ਰੀਦਕੋਟ ਨੇ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾ ਕੇ ਕੈਂਪ ਦੀ ਸ਼ੁਰੂਆਤ ਕੀਤੀ। ਇਸ ਮੌਕੇ ਮੀਤ ਪ੍ਰਧਾਨ ਰਾਜੂ ਕੰਡਾ, ਸਤਨਾਮ ਸਿੰਘ, ਚੇਅਰਮੈਨ ਡਾ. ਜਸਕਰਨ ਸਿੰਘ ਸੰਧਵਾਂ, ਸਕੱਤਰ ਚੰਦਰ ਕੁਮਾਰ ਗਰਗ, ਸਲਾਹਕਾਰ ਹਰਜੀਤ ਸਿੰਘ ਬਰਾੜ, ਰਾਜੇਸ਼ ਗੁਲਜਾਰ, ਪਵਨ ਕੁਮਾਰ ਭਾਰਤੀ, ਵਿਨੋਦ ਖੇਮਕਾ, ਸ਼ਿਵ ਓਮ ਨਾਥ, ਮੋਹਿਤ ਮਹਿਤਾ ਆਦਿ ਹਾਜ਼ਰ ਸਨ।



ਸਿਹਤ ਵਿਭਾਗ ਵਲੋਂ ਚਲਾਈ ਪਲਸ ਪੋਲਓ ਮੁਹਿੰਮ ਤਹਿਤ ਸਾਦਿਕ ਵਿਖੇ ਸਿਹਤ ਵਿਭਾਗ ਦੇ ਕਰਮਚਾਰੀ ਸੁਰਜੀਤ ਸਿੰਘ ਐਮ.ਪੀ.ਐਚ.ਡਬਲਯੂ, ਪਰਮਜੀਤ ਕੌਰ ਆਸ਼ਾ ਵਰਕਰ, ਕੁਲਮੀਤ ਕੌਰ ਆਂਗੜਵਾੜੀ ਵਰਕਰ ਆਦਿ ਇਕ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਂਦੇ ਹੋਏ। ਤਸਵੀਰ : ਆਰ. ਐਸ. ਧੁੰਨਾ



ਬਾਜਾਖਾਨਾ ਦੇ ਸਿਹਤ ਕੇਂਦਰ 'ਚ ਬੱਚਿਆਂ ਨੂੰ ਪੋਲਿਓ ਰੋਕੂ ਬੂੰਦਾਂ ਪਿਲਾਉਣ ਦੀ ਸ਼ੁਰੂਆਤ ਕਰਦੇ ਹੋਏ ਡਾ. ਅਵਤਾਰਜੀਤ ਸਿੰਘ ਗੋਂਦਾਰਾ, ਸਾਬਕਾ ਸਰਪੰਚ ਕੁਲਵੀਰ ਸਿੰਘ, ਸਰਪੰਚ ਜਗਸੀਰ ਸਿੰਘ ਤੇ ਸਿਹਤ ਕਰਮਚਾਰੀ। ਅਜੀਤ ਤਸਵੀਰ


## ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾ ਕੇ ਮੁਹਿੰਮ ਦੀ ਕੀਤੀ ਸ਼ੁਰੂਆਤ

**ਬਾਜਾਖਾਨਾ, (ਜਗਦੀਪ ਸਿੰਘ ਗਿੱਲ)-** ਸਿਹਤ ਬਲਾਕ ਬਾਜਾਖਾਨਾ ਵਿਚ ਪਲਸ ਪੋਲੀਓ ਮੁਹਿੰਮ ਦੇ ਪਹਿਲੇ ਦਿਨ ਲਗਾਏ ਗਏ ਪੋਲੀਓ ਬੂਥਾਂ ਉੱਪਰ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਮੁਹਿੰਮ ਦੀ ਸ਼ੁਰੂਆਤ ਕਰਨ ਮੌਕੇ ਡਾ. ਅਵਤਾਰਜੀਤ ਸਿੰਘ ਨੇ ਦੱਸਿਆ ਕਿ ਪੋਲੀਓ 'ਤੇ ਜਿੱਤ ਬਰਕਰਾਰ ਰੱਖਣ ਲਈ ਪੰਜ ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਇਹ ਪੋਲੀਓ ਰੋਕੂ ਬੂੰਦਾਂ ਪਿਲਾਉਣੀਆਂ ਜ਼ਰੂਰੀ ਹਨ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਸ ਕੰਮ ਲਈ ਸਿਹਤ ਵਿਭਾਗ ਦੀਆਂ ਟੀਮਾਂ ਦਾ ਪੂਰਾ ਸਹਿਯੋਗ ਕਰਨ ਤੇ ਉਹ ਆਪਣੀ ਨਿੱਜੀ ਜ਼ਿੰਮੇਵਾਰੀ ਸਮਝਦੇ ਹੋਏ ਆਪਣੇ 5 ਸਾਲ ਤੱਕ ਦੇ ਹਰੇਕ ਬੱਚੇ ਨੂੰ ਪੋਲੀਓ ਰੋਕੂ ਦਵਾਈ ਜ਼ਰੂਰ ਪਿਲਾਉਣ। ਬਲਾਕ ਆਈ. ਈ. ਸੀ. ਨੋਡਲ ਅਫ਼ਸਰ ਅਤੇ ਬਲਾਕ ਪ੍ਰਸਾਰ ਸਿੱਖਿਅਕ ਫ਼ਲੈਗ ਚਾਵਲਾ ਤੇ ਸੋਨਦੀਪ ਸਿੰਘ ਸੰਧੂ ਨੇ ਦੱਸਿਆ ਕਿ ਪਹਿਲੇ ਦਿਨ ਸਿਹਤ ਵਿਭਾਗ ਦੀ ਟੀਮਾਂ ਵਲੋਂ 113 ਬੂਥਾਂ ਤੇ 3 ਟ੍ਰਾਂਜ਼ਿਟ ਪੁਆਇੰਟ ਟੀਮਾਂ ਨੇ ਬੱਚਿਆਂ ਨੂੰ ਪੋਲਿਓ ਬੂੰਦਾਂ ਪਿਲਾ ਕੇ ਟੀਚਾ ਹਾਸਿਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਅਗਲੇ ਦੋ ਦਿਨ ਘਰ ਫੇਰੀ ਟੀਮਾਂ ਵਲੋਂ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ ਤੇ ਨਿਰਧਾਰਤ ਟੀਚਾ ਹਾਸਿਲ ਕਰਨਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਬਹੁ ਮੰਤਵੀ ਸਿਹਤ ਨਿਰੀਖਕ ਛਿੰਦਰਪਾਲ ਸਿੰਘ ਵੀ ਹਾਜ਼ਰ ਸਨ।

# ਯੂਥ ਕਾਂਗਰਸ ਵਲੋਂ 10 ਨੂੰ ਮੁੱਖ ਮੰਤਰੀ ਦੇ ਨਿਵਾਸ ਅੱਗੇ ਸੂਬਾ ਪ੍ਰਦਰਸ਼ਨ ਕੀਤਾ ਜਾਵੇਗਾ- ਬਰਾੜ

ਕੋਟਕਪੂਰਾ, 8 ਦਸੰਬਰ (ਮੋਹਰ ਸਿੰਘ ਗਿੱਲ)-ਆਮ ਆਦਮੀ ਪਾਰਟੀ ਵਲੋਂ ਪੰਜਾਬ 'ਚ ਸਰਕਾਰ ਬਣਾਉਣ ਤੋਂ ਪਹਿਲਾਂ ਅਨੇਕਾਂ ਤਰ੍ਹਾਂ ਦੇ ਲੋਕਾਂ ਨਾਲ ਵਾਅਦੇ ਕੀਤੇ ਗਏ ਸਨ ਪਰ ਉਨ੍ਹਾਂ ਵਿਚੋਂ ਕੋਈ ਵਾਅਦਾ ਵਫ਼ਾ ਨਹੀਂ ਹੋਇਆ, ਜਿਸ ਕਾਰਨ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਇਹ ਪ੍ਰਗਟਾਵਾ ਸਾਬਕਾ ਚੇਅਰਮੈਨ ਸਵਰਗੀ ਦਿਲਬਾਗ ਸਿੰਘ ਬਰਾੜ ਦੇ ਪੁੱਤਰ ਸੁਮੀਤ ਸਿੰਘ ਬਰਾੜ ਸਟੇਟ ਮੀਡੀਆ ਕੋਆਰਡੀਨੇਟਰ ਪੰਜਾਬ ਯੂਥ ਕਾਂਗਰਸ ਨੇ ਆਪਣੇ ਨਿਵਾਸ ਸਥਾਨ 'ਤੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਬਰਾੜ ਨੇ ਕਿਹਾ ਕਿ ਇਸ ਰੋਸ ਵਜੋਂ ਪੰਜਾਬ ਯੂਥ ਕਾਂਗਰਸ ਵਲੋਂ 10 ਦਸੰਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਚੰਡੀਗੜ੍ਹ ਨਿਵਾਸ ਸਥਾਨ ਦਾ ਘਿਰਾਓ ਕਰਕੇ ਧਰਨਾ ਦਿੱਤਾ ਜਾਵੇਗਾ ਅਤੇ ਸਰਕਾਰ ਵਲੋਂ ਵਾਅਦੇ ਯਾਦ ਕਰਵਾਏ ਜਾਣਗੇ।



ਸੁਮੀਤ ਸਿੰਘ ਬਰਾੜ